# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 15-07-2025**

ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਅੱਜ ਐਕਸੀਓਮ-4 ਮਿਸ਼ਨ ਦੇ ਤਿੰਨ ਹੋਰ ਪੁਲਾੜ ਯਾਤਰੀਆਂ ਨਾਲ ਧਰਤੀ 'ਤੇ ਵਾਪਸ ਪਰਤ ਰਹੇ ਨੇ। ਉਹ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ, ISS ਤੋਂ 18 ਦਿਨਾਂ ਬਾਅਦ ਵਾਪਸ ਆ ਰਹੇ ਨੇ। ਚਾਰੇ ਪੁਲਾੜ ਯਾਤਰੀਆਂ ਨੇ ਕੱਲ੍ਹ ਸਪੇਸਐਕਸ ਡਰੈਗਨ ਰਾਹੀਂ 22 ਘੰਟੇ ਦੀ ਵਾਪਸੀ ਦੀ ਯਾਤਰਾ ਸ਼ੁਰੂ ਕੀਤੀ ਸੀ। ਅਨੁਮਾਨ ਏ ਕਿ ਉਹ ਭਾਰਤੀ ਸਮੇਂ ਮੁਤਾਬਕ ਅੱਜ ਦੁਪਹਿਰ ਬਾਅਦ 3 ਵਜੇ ਕੈਲੀਫੋਰਨੀਆ ਤੱਟ 'ਤੇ ਉਤਰਨਗੇ। ਐਕਸੀਓਮ-4 ਮਿਸ਼ਨ ਦੀ ਪੁਲਾੜ ਯਾਤਰਾ, 25 ਜੂਨ ਨੂੰ ਉਦੋਂ ਸ਼ੁਰੂ ਹੋਈ ਸੀ, ਜਦੋਂ ਫਾਲਕਨ-9 ਰਾਕੇਟ ਨੇ ਫਲੋਰੀਡਾ ਤੋਂ ਡਰੈਗਨ ਸਪੇਸ ਕੈਪਸੂਲ ਰਾਹੀਂ, ISS ਵੱਲ ਉਡਾਣ ਭਰੀ ਸੀ। ਗਰੁੱਪ ਕੈਪਟਨ ਸ਼ੁਕਲਾ ਪੁਲਾੜ ਵਿਚ ਜਾਣ ਵਾਲੇ ਦੂਜੇ ਭਾਰਤੀ ਨੇ। ਉਨ੍ਹਾਂ ਤੋਂ ਪਹਿਲਾਂ 1984 ਵਿਚ ਵਿਗਿਆਨੀ ਰਾਕੇਸ਼ ਸ਼ਰਮਾ ਨੇ ਪੁਲਾੜ ਯਾਤਰਾ ਕੀਤੀ ਸੀ। ISS ਵਿਚ ਠਹਿਰਣ

ਦੌਰਾਨ ਸ਼੍ਰੀ ਸ਼ੁਕਲਾ ਨੇ ਪੁਲਾੜ ਵਿਗਿਆਨ ਤੇ ਤਕਨਾਲੋਜੀ ਵਿਚ ਸੱਤ ਮਾਈਕ੍ਰੋ-ਗ੍ਰੈਵਿਟੀ ਤਜਰਬੇ ਕੀਤੇ ਨੇ।

---------------------------------------------------------------------------------

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੇ ਅੱਜ ਆਖਰੀ ਦਿਨ, ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੀ ਰੋਕਥਾਮ ਲਈ ਕੱਲ੍ਹ ਪੇਸ਼ ਕੀਤੇ ਗਏ ਬਿੱਲ ਉੱਤੇ ਬਹਿਸ ਜਾਰੀ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੀ ਰੋਕਥਾਮ ਲਈ ਇਕ ਬਿੱਲ, ਕੱਲ੍ਹ ਵਿਧਾਨ ਸਭਾ ਵਿਚ ਪੇਸ਼ ਕੀਤਾ ਸੀ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਬਿੱਲ ਦੇ ਉਪਬੰਧਾਂ ਦੀ ਸਮੀਖਿਆ ਕਰਨ ਲਈ ਵਿਧਾਇਕਾਂ ਤੋਂ ਅੱਜ ਤੱਕ ਦਾ ਸਮਾਂ ਮੰਗਿਆ ਸੀ। ਬੇਅਦਬੀ ਦੇ ਘਿਨਾਉਣੇ ਅਪਰਾਧ ਕਰਨ ਵਾਲਿਆਂ ਲਈ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਇਸ ਬਿੱਲ ਨੂੰ ਪ੍ਰਵਾਨਗੀ ਦਿੱਤੀ ਗਈ ਏ। ਇਸ ਤੋਂ ਪਹਿਲਾ ਅੱਜ ਸਵੇਰੇ ਸਦਨ ਨੇ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਜਲੰਧਰ ਜ਼ਿਲ੍ਹੇ ਦੇ 114 ਸਾਲਾ ਮੈਰਾਥਨ ਦੌੜਾਕ, ਫੌਜਾ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ।

---------------------------------------------------------------------------------

114 ਸਾਲਾ ਪ੍ਰਸਿੱਧ ਮੈਰਾਥਨ ਦੌੜਾਕ ਫੌਜਾ ਸਿੰਘ ਦੀ ਕੱਲ੍ਹ ਜਲੰਧਰ ਜ਼ਿਲ੍ਹੇ ਵਿਚ ਉਨ੍ਹਾਂ ਦੇ ਜੱਦੀ ਪਿੰਡ ਬਿਆਸ ਵਿਚ ਇਕ ਸੜਕ ਹਾਦਸੇ

ਵਿਚ ਮੌਤ ਹੋ ਗਈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਨ੍ਹਾਂ ਦੇ ਦੇਹਾਂਤ ਉੱਤੇ ਦੁੱਖ ਪ੍ਰਗਟ ਕੀਤਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਫੌਜਾ ਸਿੰਘ ਵਿਲੱਖਣ ਸ਼ਖ਼ਸੀਅਤ ਦੇ ਮਾਲਕ ਸਨ ਤੇ ਨੌਜਵਾਨਾਂ ਨੂੰ ਤੰਦਰੁਸਤ ਰਹਿਣ ਦੇ ਤਰੀਕਿਆਂ ਬਾਰੇ ਪ੍ਰੇਰਿਤ ਕਰਦੇ ਰਹਿੰਦੇ ਸਨ। ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਸ਼ਾਨਦਾਰ ਤੇ ਦ੍ਰਿੜ ਇਰਾਦੇ ਵਾਲਾ ਗੈਰ-ਸਾਧਾਰਨ ਐਥਲੀਟ ਕਿਹਾ ਅਤੇ ਸ੍ਰੀ ਫੌਜਾ ਸਿੰਘ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਇਸੇ ਦੌਰਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੈਰਾਥਨ ਦੌੜਾਕ ਫੌਜਾ ਸਿੰਘ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ। ਉਨ੍ਹਾਂ ਕਿਹਾ ਕਿ ਫੌਜਾ ਸਿੰਘ ਜੋਸ਼ ਤੇ ਉਮੀਦ ਦਾ ਅਮਿੱਟ ਪ੍ਰਤੀਕ ਸਨ ਤੇ ਦੁੱਖਦਾਈ ਸੜਕ ਹਾਦਸੇ ਵਿਚ ਉਨ੍ਹਾਂ ਦੇ ਦੇਹਾਂਤ ਬਾਰੇ ਸੁਣ ਕੇ ਬਹੁਤ ਦੁੱਖ ਹੋਇਆ।

-----------------------------------------------------------------------

ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਲਾਹੌਰੀ ਮੱਲ ਨੇੜੇ ਘਰਿੰਡਾ-ਭਕਨਾ ਸੜਕ ਉੱਤੇ ਹੋਏ ਹਾਦਸੇ ਵਿਚ ਪਰਿਵਾਰ ਦੇ 3 ਜੀਆਂ ਦੀ ਮੌਤ ਹੋ ਗਈ ਏ। ਸਾਡੇ ਪੱਤਰਕਾਰ ਮੁਤਾਬਕ ਭਕਨਾ ਤੋਂ ਘਰਿੰਡਾ ਜਾਣ ਵੇਲੇ ਅਚਾਨਕ ਆਏ ਮੋੜ ਤੋਂ ਕਾਰ ਬੇਕਾਬੂ ਹੁੰਦੀ ਹੋਈ ਸੜਕ ਦੇ ਕੰਢੇ ਲੱਗੇ ਦਰਖ਼ਤ ਨਾਲ ਟਕਰਾ ਗਈ ਸੀ। ਹਾਦਸੇ ਵਿਚ ਕਾਰ ਚਾਲਕ, ਉਸ ਦੀ ਪਤਨੀ

ਤੇ ਬੱਚੇ ਦੀ ਮੌਤ ਹੋ ਗਈ। ਹਾਦਸੇ ਵਿਚ ਜ਼ਖਮੀ ਹੋਏ ਇਕ ਵਿਅਕਤੀ ਨੂੰ ਅੰਮ੍ਰਿਤਸਰ ਦੇ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਏ।

-------------------------------------------------------------------------

ਬੀ.ਐੱਸ. ਐੱਫ. ਦੇ ਜਵਾਨਾਂ ਨੇ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਕੱਕੜ ਨੇੜੇ ਇਕ ਖੇਤ ਵਿੱਚੋਂ 6 ਕਿੱਲੋ 250 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ, ਹੈਰੋਇਨ ਲੱਕੜ ਦੇ ਹੁੱਕ ਵਾਲੇ ਵੱਡੇ ਪੈਕੇਟ ਵਿਚ ਲੁਕਾਈ ਗਈ ਸੀ। ਇਹ ਹੈਰੋਇਨ, ਪਾਕਿਸਤਾਨ ਤੋਂ ਡਰੋਨ ਦੇ ਜ਼ਰੀਏ ਸਰਹੱਦ ਪਾਰੋਂ ਭੇਜੀ ਗਈ ਸੀ। ਇਸ ਕਾਰਵਾਈ ਨਾਲ ਬੀ.ਐੱਸ.ਐੱਫ. ਦੇ ਜਵਾਨਾਂ ਨੇ ਪਾਕਿਸਤਾਨ ਵਿਚ ਬੈਠੇ ਤਸਕਰਾਂ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਏ।

-------------------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਕੱਲ੍ਹ ਨਸ਼ਾ ਤਸਕਰਾਂ ਤੇ ਅਪਰਾਧਿਕ ਅਨਸਰਾਂ ਵਿਰੁੱਧ ਆਪਰੇਸ਼ਨ ਕਾਸੋ ਚਲਾਇਆ। ਇਸ ਮੁਹਿੰਮ ਦੌਰਾਨ ਜ਼ਿਲ੍ਹੇ ਵਿਚ ਨਸ਼ਿਆਂ ਦੀ ਵਿਕਰੀ ਲਈ ਜਾਣੇ ਜਾਂਦੇ 20 ਇਲਾਕਿਆਂ ਦੀ ਜਾਂਚ ਕੀਤੀ ਗਈ । ਵੱਖ-ਵੱਖ ਥਾਵਾਂ 'ਤੇ ਕੀਤੀ ਗਈ ਛਾਪਾਮਾਰੀ ਦੌਰਾਨ ਵੱਡੀ ਮਿਕਦਾਰ ਵਿਚ ਨਸ਼ੀਲੇ ਪਦਾਰਥ ਤੇ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ । ਜਾਂਚ ਦੌਰਾਨ 4 ਵਿਅਕਤੀਆਂ ਨੂੰ ਨਸ਼ਾ ਰੋਕਥਾਮ ਕਾਨੂੰਨ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਤੇ ਮਾਮਲੇ ਦਰਜ ਕੀਤੇ ਗਏ ਨੇ। ਓਧਰ,

ਮੋਹਾਲੀ ਪੁਲਿਸ ਨੇ ਪਿੰਡ ਬਹਿਲੋਲਪੁਰ ਦੇ ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਉਸਾਰੀ ਨੂੰ ਜੇਸੀਬੀ ਨਾਲ ਢਾਹ ਦਿੱਤਾ ਏ । ਇਸ ਕਾਰਵਾਈ ਬਾਰੇ ਪੁਲਿਸ ਨੇ ਦੱਸਿਆ ਕਿ ਨਸ਼ਾ ਤਸਕਰਾਂ ਮਲਕੀਤ ਸਿੰਘ ਤੇ ਉਸ ਦੇ ਪੁੱਤਰ ਹੈਪੀ ਉੱਤੇ ਨਸ਼ਾ ਰੋਕਥਾਮ ਕਾਨੂੰਨ ਤਹਿਤ 12 ਮਾਮਲੇ ਦਰਜ ਸਨ। ਇਸ ਤੋਂ ਇਲਾਵਾ ਨਾਜਾਇਜ਼ ਸ਼ਰਾਬ ਵੇਚਣ ਤੇ ਕੁੱਟਮਾਰ ਤੇ ਕੇਸ ਦਰਜ ਨੇ। ਇਨ੍ਹਾਂ ਵੱਲੋਂ ਕੀਤੀ ਗਈ ਇਕ ਗੈਰ-ਕਾਨੂੰਨੀ ਉਸਾਰੀ ਨੂੰ ਢਾਹ ਦਿੱਤਾ ਗਿਆ ਏ।